ਪ੍ਰਹਲਾਦ ਪਠਾਏ ਪੜਨ ਸਾਲ ॥ ਸੰਗਿ ਸਖਾ ਬਹੁ ਲੀਏ ਬਾਲ ॥ ਮੋ ਕਉ ਕਹਾ ਪੜ੍ਹਾਵਸਿ ਆਲ ਜਾਲ ॥ ਮੇਰੀ ਪਟੀਆ ਲਿਖਿ ਦੇਹੁ ਸ੍ਰੀ ਗੋੁਪਾਲ ॥੧॥ ਨਹੀ ਛੋਡਉ ਰੇ ਬਾਬਾ ਰਾਮ ਨਾਮ ॥ ਮੇਰੋ ਅਉਰ ਪੜ੍ਹਨ ਸਿਉ ਨਹੀ ਕਾਮੁ ॥੧॥ ਰਹਾਉ ॥ ਸੰਡੈ ਮਰਕੈ ਕਹਿਓ ਜਾਇ ॥ ਪ੍ਰਹਲਾਦ ਬੁਲਾਏ ਬੇਗਿ ਧਾਇ ॥ ਤੂ ਰਾਮ ਕਹਨ ਕੀ ਛੋਡੁ ਬਾਨਿ ॥ ਤੁਝੁ ਤੁਰਤੁ ਛਡਾਊ ਮੇਰੋ ਕਹਿਓ ਮਾਨਿ ॥੨॥ ਮੋ ਕਉ ਕਹਾ ਸਤਾਵਹੁ ਬਾਰ ਬਾਰ ॥ ਪ੍ਰਭਿ ਜਲ ਥਲ ਗਿਰਿ ਕੀਏ ਪਹਾਰ ॥ ਇਕੁ ਰਾਮੁ ਨ ਛੋਡਉ ਗੁਰਹਿ ਗਾਰਿ ॥ ਮੋ ਕਉ ਘਾਲਿ ਜਾਰਿ ਭਾਵੈ ਮਾਰਿ ਡਾਰਿ ॥੩॥ ਕਾਢਿ ਖੜਗੁ ਕੋਪਿਓ ਰਿਸਾਇ ॥ ਤੁਝ ਰਾਖਨਹਾਰੋ ਮੋਹਿ ਬਤਾਇ ॥ ਪ੍ਰਭ ਥੰਭ ਤੇ ਨਿਕਸੇ ਕੈ ਬਿਸਥਾਰ ॥ ਹਰਨਾਖਸੁ ਛੇਦਿਓ ਨਖ ਬਿਦਾਰ ॥੪॥ ਓਇ ਪਰਮ ਪੁਰਖ ਦੇਵਾਧਿ ਦੇਵ ॥ ਭਗਤਿ ਹੇਤਿ ਨਰਸਿੰਘ ਭੇਵ ॥ ਕਹਿ ਕਬੀਰ ਕੋ ਲਖੈ ਨ ਪਾਰ ॥ ਪ੍ਰਹਲਾਦ ਉਧਾਰੇ ਅਨਿਕ ਬਾਰ ॥੫॥੪॥ {ਪੰਨਾ 1194}

ਪਦਅਰਥ:- ਪਠਾਏ—ਘੱਲਿਆ। ਪੜਨਸਾਲ—ਪਾਠਸ਼ਾਲਾ। ਸੰਗਿ—(ਆਪਣੇ) ਨਾਲ। ਸਖਾ—ਮਿੱਤਰ, ਸਾਥੀ। ਬਾਲ—ਬਾਲਕ। ਕਹਾ ਪੜ੍ਹਾਵਸਿ—ਤੂੰ ਕਿਉਂ ਪੜ੍ਹਾਉਂਦਾ ਹੈਂ? ਆਲ ਜਾਲ—ਘਰ ਦੇ ਧੰਧੇ {ਆਲ—ਘਰ। ਜਾਲ—ਧੰਧੇ}। ਪਟੀਆ—ਨਿੱਕੀ ਜਿਹੀ ਪੱਟੀ। ਗੋੁਪਾਲ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ (ੋ) ਅਤੇ (ੁ)। ਅਸਲੀ ਲਫ਼ਜ਼ 'ਗੋਪਾਲ' ਹੈ। ਪਰ, ਇੱਥੇ 'ਗੁਪਾਲ' ਪੜ੍ਹਨਾ ਹੈ}।1।

ਰੇ ਬਾਬਾ—ਹੇ ਬਾਬਾ! ਛੋਡਉ—ਮੈਂ ਛੱਡਦਾ ਹਾਂ, ਮੈਂ ਛੱਡਾਂਗਾ। ਮੇਰੋ ਨਹੀ ਕਾਮੁ—ਮੇਰਾ ਕੋਈ ਕੰਮ ਨਹੀਂ, ਮੇਰੀ ਕੋਈ ਗ਼ਰਜ਼ ਨਹੀਂ।1। ਰਹਾਉ।

ਬੇਗਿ—ਛੇਤੀ। ਬੁਲਾਏ—ਸਦਵਾਇਆ। ਬਾਨਿ—ਆਦਤ। ਮਾਨਿ—ਮੰਨ ਲੈ। ਬਾਰ ਬਾਰ—ਮੁੜ ਮੁੜ। ਪ੍ਰਭਿ—ਪ੍ਰਭੂ ਨੇ। ਗਿਰਿ—ਪਹਾੜ। ਗੁਰਹਿ—ਗੁਰੂ ਨੂੰ। ਗਾਰਿ—ਗਾਲ। ਘਾਲਿ ਜਾਰਿ—ਸਾੜ ਦੇਹ। ਭਾਵੈ—ਚਾਹੇ। ਮਾਰਿ ਡਾਰਿ—ਮਾਰ ਦੇਹ।3।

ਖੜਗੁ—ਤਲਵਾਰ। ਰਿਸਾਇ—ਖਿੱਝ ਕੇ। ਕੋਪਿਓ—ਕ੍ਰੋਧ ਵਿਚ ਆਇਆ। ਮੋਹਿ—ਮੈਨੂੰ। ਬਤਾਇ—ਦੱਸ। ਤੇ—ਤੋਂ। ਨਿਕਸੇ—ਨਿਕਲ ਆਏ। ਕੈ—ਕਰਿ, ਕਰ ਕੇ। ਕੈ ਬਿਸਥਾਰੁ—ਵਿਸਥਾਰ ਕਰ ਕੇ, ਭਿਆਨਕ ਰੂਪ ਧਾਰ ਕੇ। ਛੇਦਿਓ—ਚੀਰ ਦਿੱਤਾ, ਮਾਰ ਦਿੱਤਾ। ਨਖ—ਨਹੁੰਆਂ ਨਾਲ। ਬਿਦਾਰ—ਪਾੜ ਕੇ।4।

ਦੇਵਾਧਿਦੇਵ—ਦੇਵ-ਅਧਿਦੇਵ, ਦੇਵਤਿਆਂ ਦਾ ਵੱਡ ਦੇਵਤਾ। ਹੇਤਿ—ਖ਼ਾਤਰ। ਭਗਤਿ ਹੇਤਿ—ਭਗਤੀ ਦੀ ਖ਼ਾਤਰ, ਭਗਤੀ ਨਾਲ ਪਿਆਰ ਕਰ ਕੇ। ਭੇਵ—ਰੂਪ। ਕਹਿ—ਕਹੇ, ਆਖਦਾ ਹੈ। ਕੋ—ਕੋਈ ਜੀਵ। ਪਾਰ—ਅੰਤ। ਉਧਾਰੇ—ਬਚਾਇਆ। ਅਨਿਕ ਬਾਰ—ਅਨੇਕਾਂ ਵਾਰੀ, ਅਨੇਕਾਂ ਕਸਟਾਂ ਤੋਂ।5।

ਅਰਥ:- ਪ੍ਰਹਿਲਾਦ ਨੂੰ (ਉਸ ਦੇ ਪਿਉ ਹਰਨਾਖਸ਼ ਨੇ) ਪਾਠਸ਼ਾਲਾ ਵਿਚ ਪੜ੍ਹਨ ਘੱਲਿਆ, (ਪ੍ਰਹਿਲਾਦ ਨੇ ਆਪਣੇ) ਨਾਲ ਕਈ ਬਾਲਕ ਸਾਥੀ ਲੈ ਲਏ। (ਜਦੋਂ ਪਾਂਧਾ ਕੁਝ ਹੋਰ ਉਲਟ-ਪੁਲਟ ਪੜ੍ਹਾਣ ਲੱਗਾ, ਤਾਂ ਪ੍ਰਹਿਲਾਦ ਨੇ ਆਖਿਆ, ਹੇ ਬਾਬਾ!) ਮੈਨੂੰ ਊਲ-ਜਲੂਲ ਕਿਉਂ ਪੜ੍ਹਾਉਂਦਾ ਹੈਂ? ਮੇਰੀ ਇਸ ਨਿੱਕੀ ਜਿਹੀ ਪੱਟੀ ਉੱਤੇ 'ਸ੍ਰੀ ਗੋਪਾਲ, ਸ੍ਰੀ ਗੋਪਾਲ' ਲਿਖ ਦੇਹ।1।

ਹੇ ਬਾਬਾ! ਮੈਂ ਪਰਮਾਤਮਾ ਦਾ ਨਾਮ ਸਿਮਰਨਾ ਨਹੀਂ ਛੱਡਾਂਗਾ। ਨਾਮ ਤੋਂ ਬਿਨਾ ਕੋਈ ਹੋਰ ਗੱਲ ਪੜ੍ਹਨ ਨਾਲ ਮੇਰਾ ਕੋਈ ਵਾਸਤਾ ਨਹੀਂ ਹੈ।1। ਰਹਾਉ।

(ਪ੍ਰਹਿਲਾਦ ਦੇ ਅਧਿਆਪਕ) ਸੰਡੇ ਮਰਕੇ (ਅਮਰਕ) ਨੇ ਜਾ ਕੇ (ਹਰਨਾਖਸ਼ ਨੂੰ ਇਹ ਗੱਲ) ਕਹਿ ਦਿੱਤੀ। ਉਸ ਨੇ ਛੇਤੀ ਨਾਲ ਪ੍ਰਹਿਲਾਦ ਨੂੰ ਸੱਦ ਘੱਲਿਆ। (ਪਾਂਧੇ ਨੇ ਪ੍ਰਹਿਲਾਦ ਨੂੰ ਸਮਝਾਇਆ) ਤੂੰ ਪਰਮਾਤਮਾ ਦਾ ਨਾਮ ਸਿਮਰਨ ਦੀ ਆਦਤ ਛੱਡ ਦੇਹ, ਮੇਰਾ ਆਖਿਆ ਮੰਨ ਲੈ, ਮੈਂ ਤੈਨੂੰ ਤੁਰਤ ਛਡਾ ਲਵਾਂਗਾ।2।

(ਪ੍ਰਹਿਲਾਦ ਨੇ ਉੱਤਰ ਦਿੱਤਾ, ਇਹ ਗੱਲ ਆਖ ਕੇ) ਮੈਨੂੰ ਮੁੜ ਮੁੜ ਕਿਉਂ ਦਿੱਕ ਕਰਦੇ ਹੋ? ਜਿਸ ਪ੍ਰਭੂ ਨੇ ਪਾਣੀ, ਧਰਤੀ, ਪਹਾੜ ਆਦਿਕ ਸਾਰੀ ਸ੍ਰਿਸ਼ਟੀ ਬਣਾਈ ਹੈ, ਮੈਂ ਉਸ ਰਾਮ ਨੂੰ ਸਿਮਰਨਾ ਨਹੀਂ ਛੱਡਾਂਗਾ। (ਉਸ ਨੂੰ ਛੱਡਿਆਂ) ਮੇਰੇ ਗੁਰੂ ਨੂੰ ਗਾਲ੍ਹ ਲੱਗਦੀ ਹੈ (ਭਾਵ, ਮੇਰੇ ਗੁਰੂ ਦੀ ਬਦਨਾਮੀ ਹੁੰਦੀ ਹੈ)। ਮੈਨੂੰ ਚਾਹੇ ਸਾੜ ਭੀ ਦੇਹ, ਚਾਹੇ ਮਾਰ ਦੇਹ।3।

(ਹਰਨਾਖਸ਼) ਖਿੱਝ ਕੇ ਕ੍ਰੋਧ ਵਿਚ ਆਇਆ, ਤਲਵਾਰ (ਮਿਆਨੋਂ) ਕੱਢ ਕੇ (ਆਖਣ ਲੱਗਾ—) ਮੈਨੂੰ ਉਹ ਦੱਸ ਜੋ ਤੈਨੂੰ ਬਚਾਉਣ ਵਾਲਾ ਹੈ। ਪ੍ਰਭੂ ਭਿਆਨਕ ਰੂਪ ਧਾਰ ਕੇ ਥੰਮ੍ਹ ਵਿਚੋਂ ਨਿਕਲ ਆਇਆ, ਤੇ ਉਸ ਨੇ ਆਪਣੇ ਨਹੁੰਆਂ ਨਾਲ ਚੀਰ ਕੇ ਹਰਨਾਖਸ਼ ਨੂੰ ਮਾਰ ਦਿੱਤਾ।4।

ਕਬੀਰ ਆਖਦਾ ਹੈ—ਪ੍ਰਭੂ ਜੀ ਪਰਮ-ਪੁਰਖ ਹਨ, ਦੇਵਤਿਆਂ ਦੇ ਭੀ ਵੱਡੇ ਦੇਵਤੇ ਹਨ। ਪ੍ਰਹਿਲਾਦ ਦੀ ਭਗਤੀ ਨਾਲ ਪਿਆਰ ਕਰ ਕੇ ਪ੍ਰਭੂ ਨੇ ਨਰਸਿੰਘ ਰੂਪ ਧਾਰਿਆ, ਪ੍ਰਹਿਲਾਦ ਨੂੰ ਅਨੇਕਾਂ ਕਸ਼ਟਾਂ ਤੋਂ ਬਚਾਇਆ। ਕੋਈ ਜੀਵ ਉਸ ਪ੍ਰਭੂ ਦੀ ਤਾਕਤ ਦਾ ਅੰਤ ਨਹੀਂ ਪਾ ਸਕਦਾ।5।4।

ਸ਼ਬਦ ਦਾ ਭਾਵ:- ਨਿਰਭਉ ਪ੍ਰਭੂ ਦਾ ਸਿਮਰਨ ਕੀਤਿਆਂ ਮਨੁੱਖ ਦੇ ਅੰਦਰ ਨਿਰਭੈਤਾ ਆ ਜਾਂਦੀ ਹੈ।